Tape/CD: 1308

# ਪੰਨਾ ੧੪੧੫

## ਸਲੋਕ ਮਹਲਾ ੩

ਚਿੰਤਾ ਧਾਵਤ ਰਹਿ ਗਏ ਤਾਂ ਮਨਿ ਭਇਆ ਅਨੰਦੁ ॥
ਗੁਰ ਪ੍ਰਸਾਦੀ ਬੁਝੀਐ ਸਾ ਧਨ ਸੁਤੀ ਨਿਚਿੰਦ ॥ ਜਿਨ
ਕਉ ਪੂਰਬਿ ਲਿਖਿਆ ਤਿਨ੍ਹਾ ਭੇਟਿਆ ਗੁਰ ਗੋਵਿੰਦੁ ॥
ਨਾਨਕ ਸਹਜੇ ਮਿਲਿ ਰਹੇ ਹਰਿ ਪਾਇਆ ਪਰਮਾਨੰਦੁ
॥ ੨੫ ॥

Tape/CD: 1308

# ਪੰਨਾ ੮੧੯

॥ ਬਿਲਾਵਲੁ ਮਹਲਾ ੫ ॥ ਤਾਤੀ ਵਾਉ ਨ ਲਗਈ
ਪਾਰਬ੍ਰਹਮ ਸਰਣਾਈ ॥ ਚਉਗਿਰਦ ਹਮਾਰੈ ਰਾਮ ਕਾਰ
ਦੁਖੁ ਲਗੈ ਨ ਭਾਈ ॥ ੧ ॥ **ਸਤਿਗੁਰੁ ਪੂਰਾ ਭੇਟਿਆ
ਜਿਨਿ ਬਣਤ ਬਣਾਈ ॥** ਰਾਮ ਨਾਮੁ ਅਉਖਧੁ ਦੀਆ ਏਕਾ
ਲਿਵ ਲਾਈ ॥ ੧ ॥ ਰਹਾਉ ॥ ਰਾਖਿ ਲੀਏ ਤਿਨਿ
ਰਖਨਹਾਰਿ ਸਭ ਬਿਆਧਿ ਮਿਟਾਈ ॥ ਕਹੁ ਨਾਨਕ
ਕਿਰਪਾ ਭਈ ਪ੍ਰਭ ਭਏ ਸਹਾਈ ॥ ੨ ॥ ੧੫ ॥ ੭੯ ॥

Tape/CD: 1308

# ਪੰਨਾ ੩੯੭-੩੯੮

ਆਸਾ ਮਹਲਾ ੫ ॥ ਜਿਨ੍ਾ ਨ ਵਿਸਰੈ ਨਾਮੁ ਸੇ ਕਿਨੇਹਿਆ ॥ ਭੇਦੁ ਨ ਜਾਣਹੁ ਮੂਲਿ ਸਾਂਈ ਜੇਹਿਆ ॥ ੧ ॥ ਮਨੁ ਤਨੁ ਹੋਇ ਨਿਹਾਲੁ ਤੁਮ੍ ਸੰਗਿ ਭੇਟਿਆ ॥ ਸੁਖੁ ਪਾਇਆ ਜਨ ਪਰਸਾਦਿ ਦੁਖੁ ਸਭੁ ਮੇਟਿਆ ॥ ੧ ॥ ਰਹਾਉ ॥ ਜੇਤੇ ਖੰਡ ਬ੍ਰਹਮੰਡ ਉਧਾਰੇ ਤਿੰਨ੍ ਖੇ ॥ ਜਿਨ੍ ਮਨਿ ਵੁਠਾ ਆਪਿ ਪੂਰੇ ਭਗਤ ਸੇ ॥ ੨ ॥ ਜਿਸ ਨੋ ਮੰਨੇ ਆਪਿ ਸੋਈ ਮਾਨੀਐ ॥ ਪ੍ਰਗਟ ਪੁਰਖੁ ਪਰਵਾਣੁ ਸਭ ਠਾਈ ਜਾਨੀਐ ॥ ੩ ॥ ਦਿਨਸੁ ਰੈਣਿ ਆਰਾਧਿ ਸਮ੍ਾਲੇ ਸਾਹ ਸਾਹ ॥ ਨਾਨਕ ਕੀ ਲੋਚਾ ਪੂਰਿ ਸਚੇ ਪਾਤਿਸਾਹ ॥ ੪ ॥ ੬ ॥ ੧੦੮ ॥

Tape/CD: 1308

# ਪੰਨਾ ੩੨੦

## ਗਉੜੀ ਕੀ ਵਾਰ ਮਹਲਾ ੫ ਰਾਇ ਕਮਾਲਦੀ ਮੋਜਦੀ ਕੀ ਵਾਰ ਕੀ ਧੁਨਿ ਉਪਰਿ ਗਾਵਣੀ

ਪਉੜੀ ॥ ਤਿਨ ਕੀ ਸੋਭਾ ਕਿਆ ਗਣੀ ਜਿਨੀ ਹਰਿ ਹਰਿ ਲਧਾ ॥ ਸਾਧਾ ਸਰਣੀ ਜੋ ਪਵੈ ਸੁ ਛੁਟੈ ਬਧਾ ॥ ਗੁਣ ਗਾਵੈ ਅਬਿਨਾਸੀਐ ਜੋਨਿ ਗਰਭਿ ਨ ਦਧਾ ॥ **ਗੁਰੁ ਭੇਟਿਆ ਪਾਰਬ੍ਰਹਮੁ ਹਰਿ ਪੜਿ ਬੁਝਿ ਸਮਧਾ ॥** ਨਾਨਕ ਪਾਇਆ ਸੋ ਧਣੀ ਹਰਿ ਅਗਮ ਅਗਧਾ ॥ ੧੦ ॥